ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

**ਅੰਮ੍ਰਿਤਸਰ ਪ੍ਰਸ਼ਾਸ਼ਨ ਨੇ ਜ਼ਿਲ੍ਹਾ ਵਾਸੀਆਂ ਦੀ ਸਹੂਲਤ ਲਈ ਬਣਾਈ ਨਵੀਂ ਵੈਬ ਸਾਈਟ**

**ਨਿਤ ਵਰਤੋਂ ਦੀਆਂ ਲੋੜਾਂ, ਜ਼ਰੂਰੀ ਫੋਨ ਨੰਬਰ, ਕਰਫਿਊ ਪਾਸ ਤੇ ਹੋਰ ਸਹਾਇਤਾ ਲਈ ਕਲਿਕ ਕਰੋ**

ਅੰਮ੍ਰਿਤਸਰ, 2 ਅਪ੍ਰੈਲ (        )-

ਕੋਵਿਡ 19 ਤੋਂ ਪੰਜਾਬ ਵਾਸੀਆਂ ਦਾ ਬਚਾਅ ਕਰਨ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਲਏ ਗਏ ਕਰਫਿਊ ਦੇ ਫੈਸਲੇ ਨਾਲ ਘਰਾਂ ਵਿਚ ਬੈਠੇ ਲੋਕਾਂ ਦੀਆਂ ਨਿਤ ਵਰਤੋਂ ਦੀਆਂ ਲੋੜਾਂ ਪੂਰੀਆਂ ਕਰਨ, ਕਰਫਿਊ ਪਾਸ ਬਨਾਉਣ, ਬਣਾਏ ਗਏ ਹੈਲਪ ਡੈਸਕ ਦੀ ਜਾਣਕਾਰੀ ਪ੍ਰਾਪਤ ਕਰਨ, ਕੋਰੋਨਾ ਸਬੰਧੀ ਜਾਗਰੂਕਤਾ, ਜਾਰੀ ਹਦਾਇਤਾਂ ਵੇਖਣ ਤੇ ਰੈਡ ਕਰਾਸ ਜ਼ਰੀਏ ਲੋੜਵੰਦਾਂ ਦੀ ਮਦਦ ਕਰਨ ਵਰਗੇ ਜਰੂਰੀ ਮੁੱਦਿਆਂ ਸਬੰਧੀ ਜਾਣਕਾਰੀ ਲੋਕਾਂ ਤੱਕ ਪੁੱਜਦੀ ਕਰਨ ਲਈ ਜਿਲ੍ਹਾ ਪ੍ਰਸ਼ਾਸ਼ਨ ਅੰਮ੍ਰਿਤਸਰ ਵੱਲੋਂ ਨਵੀਂ ਵੈਬਸਾਈਟ ਸ਼ੁਰੂ ਕੀਤੀ ਗਈ ਹੈ। www.asrcovid19helpline.in ਨਾਮ ਦੀ ਇਸ ਵੈਬਸਾਈਟ ਉਤੇ ਜਾ ਕੇ ਬਹੁਤੇ ਸ਼ੰਕੇ, ਲੋੜਾਂ ਦੀ ਪੂਰਤੀ ਹੋ ਜਾਂਦੀ ਹੈ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦੀਆਂ ਹਦਾਇਤਾਂ ਉਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ ਦੀ ਅਗਵਾਈ ਹੇਠ ਤਿਆਰ ਕੀਤੀ ਇਸ ਵੈਬਸਾਈਟ ਨੂੰ ਜਿਲ੍ਹਾ ਵਾਸੀ ਕਰਫਿਊ ਦੇ ਦਿਨਾਂ ਦੌਰਾਨ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਕਲਿਕ ਕਰਨ। ਇਸ ਵਿਚ ਦਵਾਈਆਂ, ਸਬਜੀਆਂ, ਕਰਿਆਨਾ ਆਦਿ ਦੀ ਹੋਮ ਡਲਿਵਰੀ ਸਬੰਧੀ ਫੋਨ ਨੰਬਰ ਤੁਹਾਡੇ ਇਲਾਕੇ ਦੀ ਸਹੂਲਤ ਅਨੁਸਾਰ ਦਰਸਾਏ ਗਏ ਹਨ, ਜਿੰਨਾ ਉਤੇ ਰਾਬਤਾ ਕਰਕੇ ਤੁਸੀਂ ਹੋਮ ਡਲਿਵਰੀ ਲੈ ਸਕਦੇ ਹੋ। ਸ੍ਰੀ ਹਿਮਾਸ਼ੂੰ ਅਗਰਵਾਲ ਨੇ ਦੱਸਿਆ ਕਿ ਇਸ ਵੈਂਬਸਾਈਟ ਨੂੰ ਰੋਜ਼ਾਨਾ ਅਪਡੇਟ ਕਰਕੇ ਹੋਰ ਸੰਪਰਕ ਨੰਬਰ ਦਿੱਤੇ ਜਾ ਰਹੇ ਹਨ, ਤਾਂ ਜੋ ਲੋਕਾਂ ਦੀਆਂ ਲੋੜਾਂ ਦੀ ਪੂਰਤੀ ਅਸਾਨੀ ਨਾਲ ਹੁੰਦੀ ਰਹੇ।

========

ਦ.ਫ਼ਤਰ ਜ਼ਿਲ੍ਹਾ ਲੋਕ ਸੰਪਰਕ ਅ.ਫ਼ਸਰ,ਅੰਮ੍ਰਿਤਸਰ।

## ਜ਼ਰੂਰੀ ਵਸਤਾਂ ਦੇ ਵੱਧ ਭਾਅ ਵਸੂਲ ਕਰਨ ਵਾਲਿਆਂ 'ਤੇ ਕੀਤੀ ਜਾਵੇਗੀ ਸਖਤ ਕਾਰਵਾਈ

## ਖਪਤਕਾਰ ਵੱਧ ਮੁੱਲ ਭਾਅ ਦੀ ਸ਼ਿਕਾਇਤ 0172-2684000 'ਤੇ ਕਰਵਾ ਸਕਦੇ ਨੇ ਦਰਜ

ਅੰਮ੍ਰਿਤਸਰ, 2 ਅਪ੍ਰੈਲ ( )-

ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਸ੍ਰੀ ਭਾਰਤ ਭੂਸ਼ਨ ਆਸ਼ੂ ਨੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਵਿਚ ਵੱਧ ਕੀਮਤ ਵਸੂਲ ਕੇ ਜ਼ਰੂਰੀ ਵਸਤਾਂ ਵੇਚਣ ਵਾਲੇ ਵਿਕਰੇਤਾਵਾਂ ਉਤੇ ਛਾਪਾ ਮਾਰਨ ਦੀ ਕਾਰਵਾਈ ਵਿਚ ਤੇਜ਼ੀ ਲਿਆਉਣ ਦੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਕੋਵਿਡ 19 ਕਾਰਨ ਬਣੇ ਹੋਏ ਹਾਲਾਤਾਂ ਵਿੱਚ ਉਹ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਸੂਬੇ ਵਿੱਚ ਜਰੂਰੀ ਵਸਤਾਂ ਦੀ ਵਿਕਰੀ ਐਮ.ਆਰ.ਪੀ.ਜਾਂ ਉਸ ਤੋਂ ਘੱਟ ਉਤੇ ਹੀ ਹੋਵੇ। ਉਕਤ ਸਬਦਾਂ ਦਾ ਪ੍ਰਗਟਾਵਾ ਕਰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਨੂੰ ਇਸ ਬਾਬਤ ਟੀਮਾਂ ਬਨਾਉਣ ਦੇ ਨਿਰੇਦਸ਼ ਦਿੱਤੇ ਗਏ ਹਨ। ਉਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਦੁਕਾਨਦਾਰ ਵੱਧ ਮੁੱਲ ਵਸੂਲਦਾ ਹੈ ਤਾਂ ਇਕ ਖਪਤਕਾਰ ਵਜੋਂ ਉਹ ਆਪਣੀ ਸ਼ਿਕਾਇਤ 0172-2684000 ਤੇ ਆਪਣੀ ਸ਼ਿਕਾਇਤ ਉਤੇ ਦਰਜ ਕਰਵਾ ਸਕਦੇ ਹਨ।

ਇਸੇ ਦੌਰਾਨ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਦੇ ਡਾਇਰੈਕਟਰ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਵੀ ਜ਼ਰੂਰੀ ਵਸਤਾਂ ਜਿਵੇਂ ਕਿ ਦਵਾਈਆਂ ਅਤੇ ਹੋਰ ਖਾਣ-ਪੀਣ ਦੀਆਂ ਚੀਜਾਂ ਦੇ ਭਾਅ ਐਮ.ਆਰ. ਪੀ. ਅਨੁਸਾਰ ਜਾਂ ਉਸ ਤੋਂ ਘੱਟ ਤੇ ਵੇਚਣ ਸਬੰਧੀ ਸਰਕਾਰ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਲਾਗੂ ਕਰਵਾਉਣ ਲਈ ਜਿਲ੍ਹੇ ਭਰ ਵਿਚ ਛਾਪੇ ਮਾਰੀ ਕਰਨ ਦਾ ਹੁਕਮ ਦਿੱਤਾ ਹੈ। ਉਨਾਂ ਦੁਕਾਨਦਾਰਾਂ ਤੇ ਵਪਾਰੀਆਂ ਨੂੰ ਸਪੱਸ਼ਟ ਕੀਤਾ ਕਿ ਉਹ ਇਸ ਸੰਕਟ ਦੇ ਸਮੇਂ ਵਿਚ ਲੋਕਾਂ ਦੀ ਮਜ਼ਬੂਰੀ ਦਾ ਫਾਇਦਾ ਨਾ ਚੁੱਕਣ। ਜੇਕਰ ਜਿਲ੍ਹੇ ਭਰ ਵਿਚ ਕੋਈ ਦੁਕਾਨਦਾਰ ਵੱਧ ਵਸੂਲੀ ਕਰਦਾ ਫੜਿਆ ਗਿਆ ਤਾਂ ਉਸਨੂੰ ਜੁਰਮਾਨੇ ਦੇ ਨਾਲ-ਨਾਲ ਸਖਤ ਸਜ਼ਾ ਵੀ ਦਿੱਤੀ ਜਾਵੇਗੀ।

==============

ਦ.ਫ਼ਤਰ ਜ਼ਿਲ੍ਹਾ ਲੋਕ ਸੰਪਰਕ ਅ.ਫ਼ਸਰ,ਅੰਮ੍ਰਿਤਸਰ।

## -ਕਿਸਾਨਾਂ ਦੀਆਂ ਮੁਸ਼ਿਕਲਾਂ ਹੱਲ ਕਰਨ ਲਈ ਖੇਤੀਬਾੜੀ ਵਿਭਾਗ ਨੇ ਜ਼ਿਲ੍ਹਾ ਪੱਧਰ ‘ਤੇ ਸਥਾਪਿਤ ਕੀਤਾ ਕਾਲ ਸੈਂਟਰ

## -ਸਵੇਰੇ 8 ਵਜੇ ਤੋਂ ਲੈ ਕੇ ਸ਼ਾਮ ਦੇ 8 ਵਜੇ ਤੱਕ ਕਿਸਾਨ ਆਪਣੀਆਂ ਸਮੱਸਿਆਵਾਂ ਸਬੰਧੀ ਕਰ ਸਕਦੇ ਹਨ ਸੰਪਰਕ

ਅੰਮ੍ਰਿਤਸਰ, 2 ਅਪ੍ਰੈਲ ( ) –

ਮੁੱਖ ਖੇਤੀਬਾੜੀ ਅ.ਫ਼ਸਰ ਡਾ. ਹਰਿੰਦਰਜੀਤ ਸਿੰਘ ਨੇ ਦੱਸਿਆ ਕਿ ਕੋਵਿਡ–19 ਨੂੰ ਧਿਆਨ ਵਿੱਚ ਰੱਖਦੇ ਹੋਏ ਕਰਫਿਊ ਦੌਰਾਨ ਪੰਜਾਬ ਰਾਜ ਵਿੱਚ ਖੇਤੀਬਾੜੀ ਨਾਲ ਸਬੰਧਿਤ ਧੰਦਿਆ, ਬੀਜਾਂ, ਖਾਦਾਂ ਅਤੇ ਕੀਟਨਾਸ਼ਕ ਜਹਿਰਾਂ ਦੇ ਪ੍ਰਬੰਧਾਂ ਸਬੰਧੀ ਕਿਸਾਨਾਂ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਜਿਲ੍ਹਾ ਪੱਧਰ ‘ਤੇ ਸਵੇਰੇ 08:00 ਵਜੇ ਤੋਂ ਸ਼ਾਮ 08:00 ਵਜੇ ਤੱਕ ਦ.ਫ਼ਤਰ ਮੁੱਖ ਖੇਤੀਬਾੜੀ ਅਫਸਰ ਵਿਖੇ ਕਾਲ ਸੈਂਟਰ ਸਥਾਪਿਤ ਕੀਤਾ ਗਿਆ ਹੈ।

ਡਾ. ਹਰਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਕਾਲ ਸੈਂਟਰ ਤੋਂ ਕਿਸਾਨ ਵੀਰ ਫੋਨ ਕਰਕੇ ਹਰ ਤਰਾਂ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਉਨਾਂ ਦੱਸਿਆ ਕਿ 14 ਅਪ੍ਰੈਲ ਤੱਕ ਤਿਆਰ ਕੀਤੇ ਗਏ ਰੋਸਟਰ ਅਨੁਸਾਰ ਸੁਖਮਿੰਦਰ ਸਿੰਘ ਉਪਲ ਏ ਡੀ ਓ (ਇਨਫੋਰਸਮੈਂਟ) 4,7,10, ਅਤੇ 13 ਅਪ੍ਰੈਲ ਨੂੰ ਆਪਣੇ ਫੋਨ ਨੰਬਰ 8872900030 ਉਤੇ ਕਿਸਾਨਾਂ ਲਈ ਹਾਜ਼ਰ ਰਹਿਣਗੇ। ਇਸੇ ਤਰਾਂ ਸੁਖਚੈਨ ਸਿੰਘ ਏ ਡੀ ਓ (ਬੀਜ) 5, 8, 11 ਅਤੇ 14 ਅਪ੍ਰੈਲ ਨਾਲ ਉਨਾਂ ਦੇ ਫੋਨ ਨੰਬਰ ਉਤੇ 9814860114 ਉਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨਾਂ ਦੱਸਿਆ ਕਿ ਬਲਵਿੰਦਰ ਸਿੰਘ ਛੀਨਾ ਏ. ਡੀ. ਓ ਪੌਦ ਸੁਰੱਖਿਆ 3, 6,9 ਅਤੇ 12 ਅਪ੍ਰੈਲ ਨੂੰ ਕਿਸਾਨ ਵੀਰਾਂ ਦੀ ਸੇਵਾ ਵਿਚ ਕੰਟਰੋਲ ਰੂਮ ਉਤੇ ਡਿਊਟੀ ਕਰਨਗੇ। ਉਨਾਂ ਜਿਲ੍ਹੇ ਦੇ ਕਿਸਾਨ ਵੀਰਾਂ ਨੂੰ ਬੇਨਤੀ ਕੀਤੀ ਕਿ ਉਹ ਬੀਜਾਂ, ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਬਾਰੇ ਕਿਸੇ ਵੀ ਤਰਾਂ ਦੀ ਜਾਣਕਾਰੀ ਉਕਤ ਨੰਬਰਾਂ ਉਤੇ ਫੋਨ ਕਰਕੇ ਪ੍ਰਾਪਤ ਕਰ ਸਕਦੇ ਹਨ, ਤਾਂ ਜੋ ਉਨਾਂ ਨੂੰ ਖੇਤੀ ਲਈ ਕਿਸੇ ਤਰਾਂ ਦੀ ਕੋਈ ਸਮੱਸਿਆ ਨਾ ਆਵੇ।

==========

ਦ.ਫ਼ਤਰ ਜ਼ਿਲ੍ਹਾ ਲੋਕ ਸੰਪਰਕ ਅ.ਫ਼ਸਰ,ਅੰਮ੍ਰਿਤਸਰ।

## ਜ਼ਿਲ੍ਹਾ ਪ੍ਰਸ਼ਾਸਨ ਰੋਜ਼ਾਨਾ ਵੰਡ ਰਿਹੈ ਇਕ ਹਜ਼ਾਰ ਤੋਂ ਵੱਧ ਲੋਕਾਂ ਨੂੰ ਰਾਸ਼ਨ ਕਿੱਟਾਂ

## ਤਿਆਰ ਲੰਗਰ ਲੈਣ ਵਾਲਿਆਂ ਦੀ ਗਿਣਤੀ ਵੀ ਹਜ਼ਾਰਾਂ ਵਿਚ

ਅੰਮ੍ਰਿਤਸਰ, 2 ਅਪ੍ਰੈਲ ( )–

ਜਿਸ ਦਿਨ ਤੋਂ ਪੰਜਾਬ ਵਿਚ ਕਰਫਿਊ ਲੱਗਾ ਹੈ, ਉਸ ਦਿਨ ਤੋਂ ਹੀ ਜ਼ਿਲ੍ਹਾ ਪ੍ਰਸ਼ਾਸਨ ਲੋੜਵੰਦ ਲੋਕ, ਜੋ ਕਿ ਦਿਹਾੜੀ ਕਰਕੇ ਆਪਣੀ ਕਮਾਈ ਕਰਦੇ ਸਨ, ਪਰ ਕਰਫਿਊ ਲੱਗਾ ਹੋਣ ਕਾਰਨ ਬਾਹਰ ਨਹੀਂ ਜਾ ਸਕਦੇ, ਦੀ ਸਾਰ ਲੈਣ ਵਿਚ ਲੱਗਾ ਹੋਇਆ ਹੈ। ਰੋਜ਼ਾਨਾ ਕਰੀਬ ਇਕ ਹਜ਼ਾਰ ਤੋਂ ਵੱਧ ਲੋਕਾਂ ਨੂੰ ਸੁੱਕੇ ਰਾਸ਼ਨ ਦੀਆਂ ਕਿੱਟਾਂ ਪਹੁੰਚ ਰਹੀਆਂ ਹਨ। ਇਸ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ, ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਰਾਧਾ ਸੁਆਮੀ ਸਤਿਸੰਗ ਬਿਆਸ, ਚੀਫ ਖਾਲਸਾ ਦੀਵਾਨ, ਲਾਇਨਜ਼ ਕਲੱਬ, ਰੋਟਰੀ ਕਲੱਬ, ਯੂਥ ਕਲੱਬ, ਕਾਰ ਸੇਵਾ ਵਾਲੇ ਮਹਾਂਪੁਰਖ, ਨਿਸ਼ਕਾਮ ਸੇਵਾ ਸੁਸਾਇਟੀਆਂ ਅਤੇ ਹੋਰ ਬਹੁਤ ਸਾਰੀਆਂ ਸੰਸਥਾਵਾਂ ਤੋਂ ਇਲਾਵਾ ਨਿੱਜੀ ਤੌਰ ਉਤੇ ਵੀ ਲੋਕ ਲੋੜਵੰਦਾਂ ਤੱਕ ਪਹੁੰਚ ਰਹੇ ਹਨ। ਇੰਨਾਂ ਵੱਲੋਂ ਵੀ ਸੁੱਕੇ ਰਾਸ਼ਨ ਦੇ ਨਾਲ-ਨਾਲ ਹਜ਼ਾਰਾਂ ਲੋਕਾਂ ਨੂੰ ਤਿਆਰ ਕੀਤਾ ਲੰਗਰ ਦਿੱਤਾ ਜਾ ਰਿਹਾ ਹੈ। ਕੱਲ੍ਹ 1 ਅਪ੍ਰੈਲ ਨੂੰ ਹੀ ਜਿਲ੍ਹਾ ਪ੍ਰਸਾਸ਼ਨ ਵੱਲੋਂ 1200 ਤੋਂ ਵੱਧ ਸੁੱਕੇ ਰਾਸ਼ਨ ਦੀਆਂ ਕਿੱਟਾਂ ਜਿਸ ਵਿਚ 10 ਕਿਲੋ ਆਟਾ, ਚੌਲ, ਖੰਡ, ਚਾਹ ਪੱਤੀ, ਘਿਉ ਆਦਿ ਸ਼ਾਮਿਲ ਹੈ, ਲੋੜਵੰਦ ਲੋਕਾਂ ਤੱਕ ਪੁੱਜਦਾ ਕੀਤੀਆਂ ਗਈਆਂ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਵੱਲੋਂ ਉਲੀਕੀ ਯੋਜਨਾਬੰਦੀ ਤਹਿਤ ਅਜਿਹਾ ਕੋਈ ਇਲਾਕਾ ਬਾਕੀ ਨਹੀਂ ਰਿਹਾ, ਜਿੱਥੇ ਲੋੜਵੰਦ ਨੂੰ ਮਦਦ ਨਹੀਂ ਮਿਲ ਰਹੀ। ਕਈ ਲੋਕ ਜਿਲ੍ਹਾ ਕੰਟਰੋਲ ਰੂਮ ਉਤੇ ਫੋਨ ਕਰਕੇ ਵੀ ਰਾਸ਼ਨ ਦੀ ਸਹਾਇਤਾ ਲੈ ਰਹੇ ਹਨ। ਹਰੇਕ ਸਬ ਡਵੀਜ਼ਨ ਵਿਚ ਸਬੰਧਤ ਐਸ ਡੀ ਐਮ, ਤਹਿਸੀਲਦਾਰ, ਨਾਇਬ ਤਹਿਸੀਲਦਾਰ, ਬੀ ਡੀ ਪੀ ਓ ਦਾ ਸਟਾਫ ਲੋੜਵੰਦਾਂ ਤੱਕ ਰਾਹਤ ਸਮਗਰੀ ਪਹੁੰਚਾ ਰਿਹਾ ਹੈ। ਉਨਾਂ ਦੱਸਿਆ ਕਿ ਸ਼ਹਿਰੀ ਖੇਤਰ ਤੋਂ ਇਲਾਵਾ ਸਰਹੱਦੀ ਪੱਟੀ ਦੇ ਨਿੱਕੇ ਤੋਂ ਨਿੱਕੇ ਪਿੰਡ ਤੱਕ ਵੀ ਅਸੀਂ ਪਹੁੰਚ ਬਣਾਈ ਹੈ ਅਤੇ ਇਹ ਕੰਮ ਲਗਾਤਾਰ ਜਾਰੀ ਰਹੇਗਾ।

ਸ. ਢਿਲੋਂ ਨੇ ਸੰਕਟ ਦੇ ਦਿਨਾਂ ਵਿਚ ਤਨ, ਮਨ ਤੇ ਧਨ ਨਾਲ ਸਹਾਇਤਾ ਕਰਨ ਵਾਲੀਆਂ ਸੰਸਥਾਵਾਂ, ਵਿਅਕਤੀਆਂ ਤੇ ਕੰਮ ਵਿਚ ਲੱਗੇ ਕਰਮਚਾਰੀਆਂ ਦਾ ਧੰਨਵਾਦ ਕਰਦੇ ਕਿਹਾ ਕਿ ਤੁਹਾਡੀਆਂ ਕੋਸ਼ਿਸ਼ਾਂ ਸਦਕਾ ਅੰਮ੍ਰਿਤਸਰ ਵਿਚ ਲੋੜਵੰਦਾਂ ਨੂੰ ਰੋਟੀ ਮਿਲ ਰਹੀ ਹੈ। ਉਨਾਂ ਕਿਹਾ ਕਿ ਲੋਕਾਂ ਤੱਕ ਲੰਗਰ ਅਤੇ ਸੁੱਕਾ ਰਾਸ਼ਨ ਪਹੁੰਚਾਉਂਦੇ ਵਿਅਕਤੀਆਂ ਦੇ ਨਾਲ-ਨਾਲ ਸਟੋਰਾਂ ਵਿਚ ਪੈਕਿੰਗ ਕਰਦੇ ਕਰਮਚਾਰੀ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਆਪਸੀ ਦੂਰੀ, ਮੂੰਹ ਉਤੇ ਮਾਸਕ, ਹੱਥ ਧੋਣ ਵਰਗੀਆਂ ਜ਼ਰੂਰੀ ਸਾਵਧਾਨੀਆਂ ਜਰੂਰ ਵਰਤਣ।

ਕੈਪਸ਼ਨ

ਬਲਾਕ ਹਰਸ਼ਾ ਛੀਨਾ ਵਿਚ ਲੋੜਵੰਦਾਂ ਤੱਕ ਰਾਹਤ ਸਮਗਰੀ ਭੇਜਣ ਲਈ ਕਿੱਟਾਂ ਤਿਆਰ ਕਰਦੇ ਕਰਮਚਾਰੀ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

## ਮਜੀਠਾ ਤਹਿਸੀਲ ਦੇ ਸਾਰੇ ਪਿੰਡਾਂ ਵਿਚ ਸਪਰੇਅ ਦਾ ਕੰਮ ਮੁਕੰਮਲ-ਅਲਕਾ ਕਾਲੀਆ

## ਲੋੜਵੰਦਾਂ ਤੱਕ ਪਹੁੰਚ ਰਿਹੈ ਸੁੱਕਾ ਰਾਸ਼ਨ ਤੇ ਲੰਗਰ

ਅੰਮ੍ਰਿਤਸਰ, 2 ਅਪ੍ਰੈਲ ( )-

ਕੋਵਿਡ 19 ਦੇ ਵਾਇਰਸ ਤੋਂ ਜਿਲ੍ਹੇ ਦੀਆਂ ਸਾਂਝੀਆਂ ਥਾਵਾਂ ਨੂੰ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਰਸਾਇਣ ਸੋਡੀਅਣ ਹਾਈਪੋ ਕਲੋਰਾਈਡ ਦੀ ਸਪਰੇਅ ਦਾ ਕੰਮ ਮਜੀਠਾ ਤਹਿਸੀਲ ਦੇ ਸਾਰੇ 113 ਪਿੰਡਾਂ ਵਿਚ ਮੁਕੰਮਲ ਕਰ ਲਿਆ ਗਿਆ ਹੈ। ਇਸ ਤੋਂ ਇਲਾਵਾ ਮਜੀਠਾ ਸ਼ਹਿਰ ਵਿਚ ਵੀ ਸਪਰੇਅ ਹੋ ਚੁੱਕੀ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਐਸ ਡੀ ਐਮ ਮਜੀਠਾ ਸ੍ਰੀਮਤੀ ਅਲਕਾ ਕਾਲੀਆ ਨੇ ਦੱਸਿਆ ਕਿ ਚੰਗੀ ਗੱਲ ਇਹ ਰਹੀ ਹੈ ਕਿ ਪਿੰਡਾਂ ਤੇ ਸ਼ਹਿਰ ਵਿਚ ਲੋਕਾਂ ਨੇ ਆਪ ਟੀਮਾਂ ਨਾਲ ਲੱਗ ਕੇ ਸਪਰੇਅ ਕਰਵਾਈ ਹੈ, ਜਿਸ ਨਾਲ ਕੰਮ ਦੀ ਗੁਣਵੱਤਾ ਵਧੀ ਹੈ। ਉਨਾਂ ਦੱਸਿਆ ਕਿ ਬੀ ਡੀ ਪੀ ਓ ਮਜੀਠਾ ਸ੍ਰੀ ਸੰਦੀਪ ਸ਼ਰਮਾ ਤੇ ਉਨਾਂ ਦੀ ਟੀਮ ਨੇ ਪਿੰਡ-ਪਿੰਡ ਇਸ ਸਪਰੇਅ ਦੀ ਨਿਗਰਾਨੀ ਕੀਤੀ ਅਤੇ ਲੋਕਾਂ ਨੂੰ ਸੁਰੱਖਿਅਤ ਰਹਿਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਲਈ ਪ੍ਰੇਰਿਆ ਗਿਆ।

ਸ੍ਰੀਮਤੀ ਅਲਕਾ ਕਾਲੀਆ ਨੇ ਦੱਸਿਆ ਕਿ ਇਸ ਤੋਂ ਇਲਾਵਾ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੀ ਅਗਵਾਈ ਹੇਠ ਜਿਲ੍ਹੇ ਦੇ ਲੋੜਵੰਦ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਤੇ ਲੰਗਰ ਪਹੁੰਚਾਉਣ ਦਾ ਕੰਮ ਲਗਾਤਾਰ ਜਾਰੀ ਹੈ। ਉਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੰਚਾਇਤਾਂ ਨੂੰ ਆਪਣੇ ਫੰਡ ਵਿਚੋਂ 5 ਹਜ਼ਾਰ ਰੁਪਏ ਲੋਕਾਂ ਦੀ ਸੇਵਾ ਲਈ ਖਰਚ ਕਰਨ ਦੀ ਦਿਤੀ ਆਗਿਆ ਤਹਿਤ ਵੀ ਕਈ ਪਿੰਡਾਂ ਵਿਚ ਪੰਚਾਇਤਾਂ ਵੱਲੋਂ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਰੈਡ ਕਰਾਸ ਅੰਮ੍ਰਿਤਸਰ ਦੀ ਸਹਾਇਤਾ ਨਾਲ ਲੋੜਵੰਦ ਘਰਾਂ ਤੱਕ ਸੁੱਕਾ ਰਾਸ਼ਨ ਤੇ ਫੂਡ ਪੈਕਟ ਭੇਜੇ ਜਾ ਰਹੇ ਹਨ।

ਕੈਪਸ਼ਨ

ਮਜੀਠਾ ਤਹਿਸੀਲ ਦੇ ਪਿੰਡਾਂ ਵਿਚ ਕਰਵਾਈ ਜਾ ਰਹੀ ਰਸਾਇਣ ਦੀ ਸਪਰੇਅ ਅਤੇ ਵੰਡੇ ਜਾ ਰਹੇ ਰਾਸ਼ਨ ਦੀਆਂ ਤਸਵੀਰਾਂ।

=============